ਭੈਰਉ ਮਹਲਾ ੫ ॥ ਨਾਮੁ ਲੈਤ ਮਨੁ ਪਰਗਟੁ ਭਇਆ ॥ ਨਾਮੁ ਲੈਤ ਪਾਪੁ ਤਨ ਤੇ ਗਇਆ ॥ ਨਾਮੁ ਲੈਤ ਸਗਲ ਪੁਰਬਾਇਆ ॥ ਨਾਮੁ ਲੈਤ ਅਠਸਠਿ ਮਜਨਾਇਆ ॥੧॥ ਤੀਰਥੁ ਹਮਰਾ ਹਰਿ ਕੋ ਨਾਮੁ ॥ ਗੁਰਿ ਉਪਦੇਸਿਆ ਤਤੁ ਗਿਆਨੁ ॥ ੧॥ ਰਹਾਉ ॥ ਨਾਮੁ ਲੈਤ ਦੁਖੁ ਦੂਰਿ ਪਰਾਨਾ ॥ ਨਾਮੁ ਲੈਤ ਅਤਿ ਮੂੜ ਸੁਗਿਆਨਾ ॥ ਨਾਮੁ ਲੈਤ ਪਰਗਟਿ ਉਜੀਆਰਾ ॥ ਨਾਮੁ ਲੈਤ ਛੁਟੇ ਜੰਜਾਰਾ ॥ ੨॥ ਨਾਮੁ ਲੈਤ ਜਮੁ ਨੇੜਿ ਨ ਆਵੈ ॥ ਨਾਮੁ ਲੈਤ ਦਰਗਹ ਸੁਖੁ ਪਾਵੈ ॥ ਨਾਮੁ ਲੈਤ ਪ੍ਰਭੁ ਕਹੈ ਸਾਬਾਸਿ ॥ ਨਾਮੁ ਹਮਾਰੀ ਸਾਚੀ ਰਾਸਿ ॥੩॥ ਗੁਰਿ ਉਪਦੇਸੁ ਕਹਿਓ ਇਹੁ ਸਾਰੁ ॥ ਹਰਿ ਕੀਰਤਿ ਮਨ ਨਾਮੁ ਅਧਾਰੁ ॥ ਨਾਨਕ ਉਧਰੇ ਨਾਮ ਪੁਨਹਚਾਰ ॥ ਅਵਰਿ ਕਰਮ ਲੋਕਹ ਪਤੀਆਰ ॥੪॥੧੨॥੨੫॥ {ਪੰਨਾ 1142}

ਪਦਅਰਥ:- ਲੈਤ—ਲੈਂਦਿਆਂ, ਜਪਦਿਆਂ। ਪਰਗਟੁ—ਰੌਸ਼ਨ। ਤਨ ਤੇ—ਸਰੀਰ ਤੋਂ। ਸਗਲ ਪੁਰਬਾਇਆ—ਸਾਰੇ ਪੁਰਬ, ਸਾਰੇ ਪਵਿੱਤਰ ਦਿਹਾੜੇ। ਅਠਸਠਿ—ਅਠਾਹਠ (ਤੀਰਥ)। ਮਜਨਾਇਆ—ਇਸ਼ਨਾਨ (ਹੋ ਜਾਂਦਾ ਹੈ)।1।

ਹਮਰਾ—ਸਾਡਾ। ਕੋ—ਦਾ। ਗੁਰਿ—ਗੁਰੂ ਨੇ। ਤਤੁ ਗਿਆਨ—ਗਿਆਨ ਦਾ ਤੱਤ, ਆਤਮਕ ਜੀਵਨ ਦੀ ਸੂਝ ਦਾ ਨਿਚੋੜ।1। ਰਹਾਉ।

ਦੂਰਿ ਪਰਾਨਾ—ਦੂਰ ਹੋ ਜਾਂਦਾ ਹੈ। ਅਤਿ ਮੂੜ—ਵੱਡਾ ਮੂਰਖ। ਸੁਗਿਆਨਾ—ਚੰਗਾ ਸਿਆਣਾ। ਪਰਗਟਿ—ਪਰਗਟੇ, ਪਰਗਟ ਹੋ ਜਾਂਦਾ ਹੈ। ਛੁਟੇ—ਮੁੱਕ ਜਾਂਦੇ ਹਨ। ਜੰਜਾਰਾ—ਜੰਜਾਲ, ਮਨ ਦੀਆਂ ਮੋਹ ਦੀਆਂ ਫਾਹੀਆਂ।2।

ਨੇੜਿ—ਨੇੜੇ। ਦਰਗਹ—ਪਰਮਾਤਮਾ ਦੀ ਹਜ਼ੂਰੀ ਵਿਚ। ਕਹੈ ਸਾਬਾਸਿ—ਆਦਰ-ਸਤਕਾਰ ਕਰਦਾ ਹੈ। ਸਾਚੀ—ਸਦਾ ਕਾਇਮ ਰਹਿਣ ਵਾਲੀ। ਰਾਸਿ—ਪੂੰਜੀ, ਸਰਮਾਇਆ।3।

ਗੁਰਿ—ਗੁਰੂ ਨੇ। ਸਾਰੁ—ਸ੍ਰੇਸ਼ਟ। ਕੀਰਤਿ—ਸਿਫ਼ਤਿ-ਸਾਲਾਹ। ਅਧਾਰੁ—ਆਸਰਾ। ਉਧਰੇ—ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ। ਪੁਨਹਚਾਰ—ਕੀਤੇ ਪਾਪਾਂ ਦੀ ਨਵਿਰਤੀ ਲਈ ਪ੍ਰਾਸ਼ਚਿਤ ਕਰਮ। ਅਵਰਿ—ਹੋਰ {ਬਹੁ-ਵਚਨ ਲਫ਼ਜ਼ 'ਅਵਰ' ਤੋਂ}। ਲੋਕਹ ਪਤੀਆਰ—ਲੋਕਾਂ ਨੂੰ (ਆਪਣੇ ਧਾਰਮਿਕ ਹੋਣ ਦੀ) ਤਸੱਲੀ ਦੇਣ ਲਈ।4।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਾਡਾ ਤੀਰਥ ਹੈ। ਗੁਰੂ ਨੇ (ਸਾਨੂੰ) ਆਤਮਕ ਜੀਵਨ ਦੀ ਸੂਝ ਦਾ ਇਹ ਨਿਚੋੜ ਸਮਝਾ ਦਿੱਤਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦਾ) ਮਨ (ਵਿਕਾਰਾਂ ਦੇ ਹਨੇਰੇ ਵਿਚੋਂ ਨਿਕਲ ਕੇ) ਰੌਸ਼ਨ ਹੋ ਜਾਂਦਾ ਹੈ (ਕਿਉਂਕਿ) ਨਾਮ ਸਿਮਰਦਿਆਂ (ਹਰੇਕ ਕਿਸਮ ਦਾ) ਪਾਪ ਸਰੀਰ ਤੋਂ ਦੂਰ ਹੋ ਜਾਂਦਾ ਹੈ। ਹੇ ਭਾਈ! ਨਾਮ ਸਿਮਰਦਿਆਂ (ਮਾਨੋ) ਸਾਰੇ ਪੁਰਬ ਮਨਾਏ ਗਏ, ਨਾਮ ਜਪਦਿਆਂ ਅਠਾਹਠ ਤੀਰਥਾਂ ਦਾ ਇਸ਼ਨਾਨ ਹੋ ਗਿਆ।1।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ, ਨਾਮ ਜਪਦਿਆਂ ਵੱਡਾ ਭਾਰਾ ਮੂਰਖ ਭੀ ਆਤਮਕ ਜੀਵਨ ਦੀ ਸੋਹਣੀ ਸੂਝ ਵਾਲਾ ਹੋ ਜਾਂਦਾ ਹੈ। ਹੇ ਭਾਈ! ਨਾਮ ਸਿਮਰਦਿਆਂ (ਮਨ ਵਿਚ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ (ਕਿਉਂਕਿ) ਨਾਮ ਜਪਦਿਆਂ (ਮਨ ਦੀਆਂ ਮਾਇਆ ਦੇ ਮੋਹ ਦੀਆਂ ਸਾਰੀਆਂ) ਫਾਹੀਆਂ ਮੁੱਕ ਜਾਂਦੀਆਂ ਹਨ।2।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਜਮ (ਮਨੁੱਖ ਦੇ) ਨੇੜੇ ਨਹੀਂ ਆਉਂਦਾ, ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਟਿਕ ਕੇ ਆਤਮਕ ਆਨੰਦ ਮਾਣਦਾ ਹੈ, ਨਾਮ ਸਿਮਰਦਿਆਂ ਪਰਮਾਤਮਾ (ਭੀ) ਆਦਰ-ਮਾਣ ਦੇਂਦਾ ਹੈ। ਹੇ ਭਾਈ! ਪਰਮਾਤਮਾ ਦਾ ਨਾਮ ਹੀ ਅਸਾਂ ਜੀਵਾਂ ਵਾਸਤੇ ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ।3।

ਹੇ ਭਾਈ! ਗੁਰੂ ਨੇ (ਮੈਨੂੰ) ਇਹ ਸਭ ਤੋਂ ਵਧੀਆ ਉਪਦੇਸ਼ ਦੇ ਦਿੱਤਾ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ

ਪਰਮਾਤਮਾ ਦਾ ਨਾਮ (ਹੀ) ਮਨ ਦਾ ਆਸਰਾ ਹੈ। ਹੇ ਨਾਨਕ! ਉਹ ਮਨੁੱਖ (ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਂਦੇ ਹਨ ਜਿਹੜੇ ਨਾਮ ਜਪਣ ਦੇ ਪ੍ਰਾਸ਼ਚਿਤ ਕਰਮ ਕਰਦੇ ਹਨ। ਹੋਰ ਸਾਰੇ (ਪ੍ਰਾਸ਼ਚਿਤ) ਕਰਮ ਲੋਕਾਂ ਦੀ ਤਸੱਲੀ ਕਰਾਣ ਵਾਸਤੇ ਹਨ (ਕਿ ਅਸੀਂ ਧਾਰਮਿਕ ਬਣ ਗਏ ਹਾਂ)।4।12। 25।